# ਪੰਜਾਬ ਦੇ ਮਹਾਨ ਸੁਤੰਤਰਤਾ ਸੰਗਰਾਮੀਆਂ ਨੂੰ ਕੋਟਿਨ-ਕੋਟਿ ਪ੍ਰਣਾਮ

"ਭਾਰਤ ਦੀ ਆਜ਼ਾਦੀ ਦੀ 75ਵੀਂ ਵਰ੍ਹੇਗੰਢ ਮੌਕੇ, ਦੇਸ਼ ਦੇ ਸੁਤੰਤਰਤਾ ਸੰਗਰਾਮ 'ਚ ਅਹਿਮ ਯੋਗਦਾਨ ਪਾਉਣ ਵਾਲੇ ਪੰਜਾਬ ਦੇ ਮਹਾਨ ਯੋਧਿਆਂ ਨੂੰ ਸ਼ਰਧਾਪੂਰਵਕ ਸਤਿਕਾਰ ਭੇਟ ਕਰਦੇ ਹਾਂ।"

**ਭਗਵੰਤ ਮਾਨ**
ਮੁੱਖ ਮੰਤਰੀ,ਪੰਜਾਬ



## ਸਾਡੇ ਯੋਧੇ, ਸਾਡਾ ਮਾਣ



### ਹਰੀ ਸਿੰਘ ਪੁੱਤਰ ਰਣਜੀਤ ਸਿੰਘ
**ਪਿੰਡ ਜੱਟਾਂ ਵਾਲਾ ਬਾਂਸ, ਨਾਭਾ, ਜ਼ਿਲ੍ਹਾ ਪਟਿਆਲਾ**

ਹਰੀ ਸਿੰਘ ਜੀ ਦਾ ਜਨਮ 1894 ਜੱਟਾਂ ਵਾਲਾ ਬਾਂਸ, ਨਾਭਾ, ਜ਼ਿਲ੍ਹਾ ਪਟਿਆਲਾ ਵਿਖੇ ਮਾਤਾ ਵਿਸ਼ਨ ਕੌਰ ਅਤੇ ਪਿਤਾ ਰਣਜੀਤ ਸਿੰਘ ਦੇ ਘਰ ਹੋਇਆ। ਇਨ੍ਹਾਂ ਨੇ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਵੱਖ-ਵੱਖ ਅੰਦੋਲਨਾਂ ਵਿੱਚ ਯੋਗਦਾਨ ਪਾਇਆ ਤੇ 1924-1925 ਦੌਰਾਨ ਜੈਤੋ ਮੋਰਚੇ ਲਈ 8 ਮਹੀਨੇ ਦੀ ਜੇਲ ਬੀੜ ਦੁਸਾਂਝ, ਨਾਭਾ ਵਿਖੇ ਕੱਟੀ ਅਤੇ 1955 ਵਿੱਚ ਪੰਜਾਬੀ ਸੂਬੇ ਲਈ ਜੇਲ ਕੱਟਣ ਤੋਂ ਇਲਾਵਾ ਹੋਰ ਵੀ ਕਈ ਜੇਲਾਂ ਕੱਟੀਆਂ। ਆਜ਼ਾਦੀ ਦੀ ਲੜਾਈ ਵਿੱਚ ਪਾਏ ਯੋਗਦਾਨ ਕਾਰਨ ਇਨ੍ਹਾਂ ਨੂੰ 1972 ਵਿੱਚ ਭਾਰਤ ਸਰਕਾਰ ਵੱਲੋਂ ਤਾਮਰ ਪੱਤਰ ਭੇਟ ਕੀਤਾ ਗਿਆ।



### ਬੰਤਾ ਸਿੰਘ ਪੁੱਤਰ ਲੱਧਾ ਸਿੰਘ
**ਪਿੰਡ ਕਲੀਹਾਣਾ, ਤਹਿ- ਨਾਭਾ, ਜ਼ਿਲ੍ਹਾ ਪਟਿਆਲਾ**

ਬੰਤਾ ਸਿੰਘ ਧਾਲੀਵਾਲ ਜੀ ਦਾ ਜਨਮ ਪਿੰਡ ਲੀਲਾਂ, ਜ਼ਿਲ੍ਹਾ ਗੁੱਜਰਾਂਵਾਲਾ (ਪਾਕਿਸਤਾਨ) ਵਿਖੇ ਮਾਤਾ ਜੀਵਾ ਕੌਰ ਅਤੇ ਪਿਤਾ ਲੱਧਾ ਸਿੰਘ ਦੇ ਘਰ ਹੋਇਆ। ਉਨ੍ਹਾਂ ਨੇ ਨੌਜਵਾਨੀ ਦੌਰਾਨ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਵੱਖ-ਵੱਖ ਅੰਦੋਲਨਾਂ ਵਿੱਚ ਯੋਗਦਾਨ ਪਾਇਆ, ਜਿਨ੍ਹਾਂ ਵਿੱਚ ਭਾਰਤ ਛੱਡੋ ਅੰਦੋਲਨ ਅਤੇ ਪਰਜਾ ਮੰਡਲ ਲਹਿਰ ਸ਼ਾਮਿਲ ਹਨ । ਭਾਰਤ ਸਰਕਾਰ ਵੱਲੋਂ ਇਨ੍ਹਾਂ ਦੇ ਦੇਸ਼ ਪ੍ਰੇਮ ਅਤੇ ਦੇਸ਼ ਭਗਤੀ ਦੇ ਜਜ਼ਬੇ ਦਾ ਸਨਮਾਨ ਕਰਦਿਆਂ ਤਾਮਰ ਪੱਤਰ ਦੇ ਕੇ ਸਨਮਾਨਿਆ ਗਿਆ।



### ਸਾਧੂ ਸਿੰਘ ਪੁੱਤਰ ਸੁੰਦਰ ਸਿੰਘ
**ਪਿੰਡ ਚਲੈਲਾ, ਜ਼ਿਲ੍ਹਾ ਪਟਿਆਲਾ**

ਸਾਧੂ ਸਿੰਘ ਜੀ ਨੇ ਆਜ਼ਾਦੀ ਦੀ ਲੜਾਈ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ। ਇਨ੍ਹਾਂ ਨੇ ਗੁਰੂ ਕਾ ਬਾਗ਼ ਮੋਰਚਾ, ਚਾਬੀਆਂ ਦਾ ਮੋਰਚਾ ਅਤੇ ਜੈਤੋ ਦਾ ਮੋਰਚਾ ਵਿੱਚ ਹਿੱਸਾ ਲਿਆ। ਦੇਸ਼ ਭਗਤੀ ਦੇ ਜਜ਼ਬੇ ਦਾ ਸਨਮਾਨ ਕਰਦਿਆਂ ਇਹਨਾਂ ਨੂੰ ਤਾਮਰ ਪੱਤਰ ਦੇ ਕੇ ਸਨਮਾਨਿਆ ਗਿਆ।



### ਰਤਨ ਸਿੰਘ ਪੁੱਤਰ ਅਰਜਨ ਸਿੰਘ
**ਪਿੰਡ ਹਫਜ਼ਾਬਾਦ, ਤਹਿ-ਸ੍ਰੀ ਚਮਕੌਰ ਸਾਹਿਬ, ਰੂਪਨਗਰ**

ਰਤਨ ਸਿੰਘ ਜੀ ਦੀ ਫਰਵਰੀ, 2018 ਨੂੰ ਮੌਤ ਹੋ ਚੁੱਕੀ ਹੈ। ਇਨ੍ਹਾਂ ਨੇ ਆਜ਼ਾਦ ਹਿੰਦ ਫ਼ੌਜ ਵਿੱਚ ਆਪਣੀਆਂ ਸੇਵਾਵਾਂ ਨਿਭਾਈਆਂ ਅਤੇ ਦੂਜੇ ਸੰਸਾਰ ਯੁੱਧ ਵਿੱਚ ਅੰਗਰੇਜ਼ਾਂ ਵਿਰੁੱਧ ਲੜਾਈ ਲੜੀ। ਉਨ੍ਹਾਂ ਨੂੰ ਜੰਗੀ ਕੈਦੀ ਬਣਾ ਕੇ ਕੋਰਟ ਮਾਰਸ਼ਲ ਕਰ ਦਿੱਤਾ ਗਿਆ। ਸੁਭਾਸ਼ ਚੰਦ ਬੋਸ ਨਾਲ ਦੂਜੀ ਲੜਾਈ ਵਿੱਚ ਯੋਗਦਾਨ ਪਾਉਣ ਬਦਲੇ ਰਤਨ ਸਿੰਘ ਜੀ ਨੂੰ ਤਾਮਰ ਪੱਤਰ ਦਿੱਤਾ ਗਿਆ।



### ਬੰਤਾ ਸਿੰਘ ਪੁੱਤਰ ਸ਼ੇਰ ਸਿੰਘ
**ਪਿੰਡ ਮਹਿਰੋਂ, ਜ਼ਿਲ੍ਹਾ ਮੋਗਾ**

ਬੰਤਾ ਸਿੰਘ ਜੀ ਆਜ਼ਾਦੀ ਸੰਘਰਸ਼ ਦੌਰਾਨ ਆਜ਼ਾਦ ਹਿੰਦ ਫ਼ੌਜ ਵਿੱਚ ਰਹੇ। ਆਜ਼ਾਦੀ ਸੰਘਰਸ਼ ਵਿੱਚ ਪਾਏ ਯੋਗਦਾਨ ਕਾਰਨ ਉਨ੍ਹਾਂ ਨੇ ਜੇਲ੍ਹ ਵੀ ਕੱਟੀ। ਭਾਰਤ ਸਰਕਾਰ ਨੇ ਉਨ੍ਹਾਂ ਨੂੰ ਤਾਮਰ ਪੱਤਰ ਨਾਲ ਸਨਮਾਨਤ ਕੀਤਾ।



### ਬੰਤਾ ਸਿੰਘ ਪੁੱਤਰ ਸਾਹਿਬ ਸਿੰਘ
**ਪਿੰਡ ਦੜੌਲੀ, ਤਹਿਸੀਲ ਨੰਗਲ, ਜ਼ਿਲ੍ਹਾ ਰੂਪਨਗਰ**

ਬੰਤਾ ਸਿੰਘ ਜੀ ਪੁੱਤਰ ਸਾਹਿਬ ਸਿੰਘ 13 ਵੇਂ ਸ਼ਹੀਦੀ ਜਥੇ ਵਿੱਚ ਦੇਸ਼ ਦੀ ਆਜ਼ਦੀ ਦੀ ਲੜਾਈ ਲਈ ਗਏ ਸਨ। ਇਨ੍ਹਾਂ ਨੂੰ ਆਜ਼ਾਦੀ ਸੰਗਰਾਮ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਬਦਲੇ ਮਾਨਯੋਗ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵੱਲੋਂ ਤਾਮਰ ਪੱਤਰ ਦਿੱਤਾ ਗਿਆ।



### ਪ੍ਰੇਮ ਸਾਗਰ ਪੁੱਤਰ ਰਾਮ ਜੀ ਦਾਸ
**ਫਗਵਾੜਾ, ਜ਼ਿਲ੍ਹਾ ਕਪੂਰਥਲਾ**

ਪ੍ਰੇਮ ਸਾਗਰ ਜੀ ਨੇ ਮਹਾਤਮਾ ਗਾਂਧੀ ਜੀ ਵੱਲੋਂ ਅੰਗਰੇਜ਼ਾਂ ਖਿਲਾਫ਼ 1942 ਵਿੱਚ ਸ਼ੁਰੂ ਕੀਤੇ ਭਾਰਤ ਛੱਡੋ ਅੰਦੋਲਨ ਵਿੱਚ ਹਿੱਸਾ ਲਿਆ ਅਤੇ ਦੇਸ਼ ਦੀ ਆਜ਼ਾਦੀ ਲਈ ਲਗਾਤਾਰ ਸੰਘਰਸ਼ਸ਼ੀਲ ਰਹੇ। ਉਨ੍ਹਾਂ ਨੂੰ ਦੇਸ਼ ਦੇ ਆਜ਼ਾਦੀ ਸੰਘਰਸ਼ ਵਿੱਚ ਪਾਏ ਯੋਗਦਾਨ ਸਦਕਾ ਤਾਮਰ ਪੱਤਰ ਨਾਲ ਸਨਮਾਨਤ ਕੀਤਾ ਗਿਆ।



### ਮਹਿੰਗਾ ਸਿੰਘ ਪੁੱਤਰ ਬਿਸ਼ਨ ਸਿੰਘ
**ਪਿੰਡ ਘੱਲ ਕਲਾਂ, ਜ਼ਿਲ੍ਹਾ ਮੋਗਾ**

ਮਹਿੰਗਾ ਸਿੰਘ ਜੀ ਆਜ਼ਾਦ ਹਿੰਦ ਫ਼ੌਜ ਵਿੱਚ ਰਹੇ। ਉਹ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਸੰਘਰਸ਼ਸ਼ੀਲ ਰਹੇ। 12 ਨਵੰਬਰ, 1999 ਨੂੰ ਉਨ੍ਹਾਂ ਦਾ ਦੇਹਾਂਤ ਹੋਇਆ। ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਦਿੱਤੀਆਂ ਸੇਵਾਵਾਂ ਬਦਲੇ ਇਨ੍ਹਾਂ ਨੂੰ ਤਾਮਰ ਪੱਤਰ ਨਾਲ ਸਨਮਾਨਿਆ ਗਿਆ।



### ਹਰੀ ਸਿੰਘ
**ਪਿੰਡ ਲਿੱਤਰ, ਤਹਿਸੀਲ ਰਾਏਕੋਟ, ਜ਼ਿਲ੍ਹਾ ਲੁਧਿਆਣਾ**

ਹਰੀ ਸਿੰਘ ਜੀ ਨੇ ਨੇਤਾ ਜੀ ਸੁਭਾਸ਼ ਚੰਦਰ ਬੋਸ ਵੱਲੋਂ ਦੇਸ਼ ਦੀ ਆਜ਼ਾਦੀ ਲਈ ਤਿਆਰ ਕੀਤੀ ਆਜ਼ਾਦ ਹਿੰਦ ਫੌਜ ਵਿੱਚ ਸ਼ਾਮਲ ਹੋ ਕੇ ਵੱਡਾ ਯੋਗਦਾਨ ਪਾਇਆ। ਇਨ੍ਹਾਂ ਨੂੰ ਦੇਸ਼ ਦੇ ਆਜ਼ਾਦੀ ਸੰਘਰਸ਼ ਵਿੱਚ ਪਾਏ ਯੋਗਦਾਨ ਸਦਕਾ ਤਾਮਰ ਪੱਤਰ ਨਾਲ ਸਨਮਾਨਤ ਕੀਤਾ ਗਿਆ।



### ਰਾਮ ਸਿੰਘ ਪੁੱਤਰ ਗੁਰਦਿੱਤ ਸਿੰਘ
**ਸ਼ੇਖ ਦੌਲਤ, ਜ਼ਿਲ੍ਹਾ ਲੁਧਿਆਣਾ**

ਰਾਮ ਸਿੰਘ ਜੀ ਨੇ ਨੇਤਾ ਜੀ ਸੁਭਾਸ਼ ਚੰਦਰ ਬੋਸ ਵੱਲੋਂ ਦੇਸ਼ ਦੀ ਆਜ਼ਾਦੀ ਲਈ ਤਿਆਰ ਕੀਤੀ ਆਜ਼ਾਦ ਹਿੰਦ ਫੌਜ ਵਿੱਚ ਸ਼ਾਮਲ ਹੋ ਕੇ ਵੱਡਾ ਯੋਗਦਾਨ ਪਾਇਆ। ਉਨ੍ਹਾਂ ਨੂੰ ਦੇਸ਼ ਦੇ ਆਜ਼ਾਦੀ ਸੰਘਰਸ਼ ਵਿੱਚ ਪਾਏ ਯੋਗਦਾਨ ਸਦਕਾ ਤਾਮਰ ਪੱਤਰ ਨਾਲ ਸਨਮਾਨਤ ਕੀਤਾ ਗਿਆ।



### ਛੱਜੂ ਰਾਮ ਪੁੱਤਰ ਪੁੰਨੂੰ ਰਾਮ
**ਪਨਿਆੜ, ਜ਼ਿਲ੍ਹਾ ਗੁਰਦਾਸਪੁਰ**

ਛੱਜੂ ਰਾਮ ਜੀ ਨੇ ਨੇਤਾ ਜੀ ਸੁਭਾਸ਼ ਚੰਦਰ ਬੋਸ ਵੱਲੋਂ ਦੇਸ਼ ਦੀ ਆਜ਼ਾਦੀ ਲਈ ਤਿਆਰ ਕੀਤੀ ਆਜ਼ਾਦ ਹਿੰਦ ਫੌਜ ਵਿੱਚ ਸ਼ਾਮਲ ਹੋ ਕੇ ਵੱਡਾ ਯੋਗਦਾਨ ਪਾਇਆ। ਉਨ੍ਹਾਂ ਨੂੰ ਦੇਸ਼ ਦੇ ਆਜ਼ਾਦੀ ਸੰਘਰਸ਼ ਵਿੱਚ ਪਾਏ ਯੋਗਦਾਨ ਸਦਕਾ ਭਾਰਤ ਸਰਕਾਰ ਵੱਲੋਂ ਤਾਮਰ ਪੱਤਰ ਨਾਲ ਸਨਮਾਨਤ ਕੀਤਾ ਗਿਆ।



### ਹੁਕਮ ਸਿੰਘ
**ਕਾਹਨੂੰਵਾਨ, ਜ਼ਿਲ੍ਹਾ ਗੁਰਦਾਸਪੁਰ**

ਹੁਕਮ ਸਿੰਘ ਜੀ ਨੇ ਅੰਗਰੇਜ਼ਾਂ ਖਿਲਾਫ 1942 ਵਿੱਚ ਭਾਰਤ ਛੱਡੋ ਅੰਦੋਲਨ ਵਿੱਚ ਹਿੱਸਾ ਲਿਆ ਅਤੇ ਦੇਸ਼ ਦੀ ਆਜ਼ਾਦੀ ਲਈ ਲਗਾਤਾਰ ਸੰਘਰਸ਼ਸ਼ੀਲ ਰਹੇ। ਉਨ੍ਹਾਂ ਨੂੰ ਦੇਸ਼ ਦੇ ਆਜ਼ਾਦੀ ਸੰਘਰਸ਼ ਵਿੱਚ ਪਾਏ ਯੋਗਦਾਨ ਸਦਕਾ ਤਾਮਰ ਪੱਤਰ ਨਾਲ ਸਨਮਾਨਤ ਕੀਤਾ ਗਿਆ।



### ਨੱਥਾ ਸਿੰਘ ਭੰਗੂ ਪੁੱਤਰ ਰਤਨ ਸਿੰਘ ਭੰਗੂ
**ਨੂਰਪੁਰ ਸੇਠਾਂ, ਜ਼ਿਲ੍ਹਾ ਫ਼ਿਰੋਜ਼ਪੁਰ**

ਨੱਥਾ ਸਿੰਘ ਭੰਗੂ ਜੀ ਨੇ ਦੇਸ਼ ਦੀ ਆਜ਼ਾਦੀ ਲਈ 1946 ਤੇ 1948 ਵਿੱਚ ਪਰਜਾ ਮੰਡਲ ਲਹਿਰਾਂ ਵਿੱਚ ਹਿੱਸਾ ਲਿਆ। ਉਨ੍ਹਾਂ ਨੇ ਫ਼ਿਰੋਜ਼ਪੁਰ ਜ਼ਿਲ੍ਹੇ ਦੀ ਅਗਵਾਈ ਕੀਤੀ ਅਤੇ ਲਾਠੀਚਾਰਜ ਦਾ ਸਾਹਮਣਾ ਕੀਤਾ ਤੇ ਸਾਢੇ ਛੇ ਮਹੀਨੇ ਕੈਦ ਵਿੱਚ ਰਹੇ। ਆਜ਼ਾਦੀ ਵਿੱਚ ਪਾਏ ਯੋਗਦਾਨ ਸਦਕਾ ਉਨ੍ਹਾਂ ਨੂੰ ਤਾਮਰ ਪੱਤਰ ਨਾਲ ਸਨਮਾਨਤ ਕੀਤਾ ਗਿਆ।



### ਈਸ਼ਰ ਸਿੰਘ ਪੁੱਤਰ ਮੁਨਸ਼ੀ ਰਾਮ
**ਕੋਟ ਫਤੂਹੀ, ਜ਼ਿਲ੍ਹਾ ਹੁਸ਼ਿਆਰਪੁਰ**

ਈਸ਼ਰ ਜੀ ਨੇ ਮਹਾਤਮਾ ਗਾਂਧੀ ਜੀ ਵੱਲੋਂ ਦੇਸ਼ ਦੀ ਆਜ਼ਾਦੀ ਲਈ ਚਲਾਈ ਸਿਵਲ ਨਾ ਫੁਰਮਾਨੀ ਲਹਿਰ ਵਿੱਚ ਹਿੱਸਾ ਲਿਆ। ਉਨ੍ਹਾਂ ਨੂੰ ਦੇਸ਼ ਦੇ ਆਜ਼ਾਦੀ ਸੰਘਰਸ਼ ਵਿੱਚ ਪਾਏ ਯੋਗਦਾਨ ਸਦਕਾ ਤਾਮਰ ਪੱਤਰ ਨਾਲ ਸਨਮਾਨਤ ਕੀਤਾ ਗਿਆ।



### ਰਾਮ ਮੂਰਤੀ ਸ਼ਰਮਾ ਪੁੱਤਰ ਅਮਰ ਨਾਥ
**ਪਿੰਡ ਖ਼ਾਨਪੁਰ, ਜ਼ਿਲ੍ਹਾ ਪਠਾਨਕੋਟ**

ਰਾਮ ਮੂਰਤੀ ਸ਼ਰਮਾ ਜੀ ਦੇਸ਼ ਦੇ ਆਜ਼ਾਦੀ ਸੰਘਰਸ਼ ਵਿੱਚ ਸ਼ਾਮਲ ਹੋਏ ਅਤੇ ਲਾਹੌਰ ਵਿਖੇ ਉਨ੍ਹਾਂ ਨੂੰ ਜੇਲ੍ਹ ਵਿੱਚ ਬੰਦ ਕੀਤਾ ਗਿਆ। ਤਤਕਾਲੀਨ ਪ੍ਰਧਾਨ ਮੰਤਰੀ ਸ਼੍ਰੀਮਤੀ ਇੰਦਰਾ ਗਾਂਧੀ ਜੀ ਵੱਲੋਂ ਤਾਮਰ ਪੱਤਰ ਭੇਟ ਕਰਕੇ ਸਨਮਾਨਿਤ ਕੀਤਾ ਗਿਆ।



### ਚੰਨਣ ਸਿੰਘ ਪੁੱਤਰ ਪ੍ਰੇਮ ਸਿੰਘ
**ਪਿੰਡ ਮੀਰਪੁਰ ਕਲਾਂ, ਜ਼ਿਲ੍ਹਾ ਮਾਨਸਾ**

ਚੰਨਣ ਸਿੰਘ ਜੀ ਨੇਤਾ ਜੀ ਸੁਭਾਸ਼ ਚੰਦਰ ਬੋਸ ਵੱਲੋਂ ਗਠਿਤ ਕੀਤੀ ਗਈ ਆਜ਼ਾਦ ਹਿੰਦ ਫੌਜ ਵਿੱਚ ਰਹੇ, ਜਿਸ ਸਦਕਾ ਇਨ੍ਹਾਂ ਨੂੰ 15 ਅਗਸਤ, 1972 ਵਿੱਚ ਤਾਮਰ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।



### ਮੇਹਰ ਸਿੰਘ ਪੁੱਤਰ ਮੱਲ ਸਿੰਘ
**ਪਿੰਡ ਗਾਮੀਵਾਲਾ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ**

ਮੇਹਰ ਸਿੰਘ ਜੀ ਆਜ਼ਾਦ ਹਿੰਦ ਫੌਜ ਦਾ ਹਿੱਸਾ ਰਹੇ ਅਤੇ ਇਨ੍ਹਾਂ ਨੇ ਆਪਣੇ ਵੱਲੋਂ 7000 ਡਾਲਰ ਆਜ਼ਾਦ ਹਿੰਦ ਫੌਜ ਲਈ ਦਿੱਤੇ। ਭਾਰਤ ਦੀ ਆਜ਼ਾਦੀ ਵਿੱਚ ਪਾਏ ਯੋਗਦਾਨ ਸਦਕਾ ਇਨ੍ਹਾਂ ਨੂੰ ਸਰਕਾਰ ਵੱਲੋਂ ਤਾਮਰ ਪੱਤਰ ਨਾਲ ਨਿਵਾਜਿਆ ਗਿਆ।



### ਮਹਾਸ਼ਾ ਕੁੰਦਨ ਲਾਲ ਗੁਪਤਾ ਪੁੱਤਰ ਹੀਰਾ ਲਾਲ
**ਬੁਢਲਾਡਾ, ਜ਼ਿਲ੍ਹਾ ਮਾਨਸਾ**

ਮਹਾਸ਼ਾ ਕੁੰਦਨ ਲਾਲ ਜੀ ਵਾਸੀ ਬੁਢਲਾਡਾ ਨੇ ਸੁਤੰਤਰਤਾ ਸੰਗਰਾਮ ਵਿੱਚ ਹਿੱਸਾ ਲਿਆ। ਭਾਰਤ ਦੀ ਆਜ਼ਾਦੀ ਦੇ ਸੰਘਰਸ਼ ਵਿੱਚ ਪਾਏ ਯੋਗਦਾਨ ਸਦਕਾ ਇਨ੍ਹਾਂ ਨੂੰ 15 ਅਗਸਤ, 1972 ਵਿੱਚ ਤਾਮਰ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।



### ਗਿਆਨ ਸਿੰਘ ਪੁੱਤਰ ਪੂਰਨ ਸਿੰਘ
**ਪਿੰਡ ਢੇਰ, ਤਹਿਸੀਲ ਸ੍ਰੀ ਅਨੰਦਪੁਰ ਸਾਹਿਬ**

ਗਿਆਨ ਸਿੰਘ ਜੀ ਆਜ਼ਾਦ ਹਿੰਦ ਫੌਜ ਦਾ ਹਿੱਸਾ ਰਹੇ। ਉਨ੍ਹਾਂ ਨੇ ਸਿੰਗਾਪੁਰ ਅਤੇ ਕਾਲੇ ਪਾਣੀ ਵਿਖੇ ਸਜ਼ਾ ਕੱਟੀ। 1972 ਵਿੱਚ ਇਨ੍ਹਾਂ ਨੂੰ ਤਾਮਰ ਪੱਤਰ ਨਾਲ ਸਨਮਾਨਿਤ ਕੀਤਾ ਗਿਆ ਤੇ ਆਪ ਜੀ 2004 ਵਿੱਚ ਸਵਰਗ ਸਿਧਾਰ ਗਏ।



### ਆਤਮਾ ਸਿੰਘ ਪੁੱਤਰ ਗੋਬਿੰਦ ਰਾਮ
**ਪਿੰਡ ਬੱਢਲ, ਤਹਿਸੀਲ ਸ੍ਰੀ ਅਨੰਦਪੁਰ ਸਾਹਿਬ**

ਆਤਮਾ ਸਿੰਘ ਜੀ ਦਾ ਜਨਮ 1925 ਵਿੱਚ ਹੋਇਆ। 15 ਸਾਲ ਦੀ ਉਮਰ ਵਿੱਚ ਆਪ ਫੌਜ ਵਿੱਚ ਭਰਤੀ ਹੋਏ ਤੇ ਜਵਾਨ ਪੋਲੋ ਰਾਮ ਜੀ ਨਾਲ ਮਿਲ ਕੇ ਸੰਘਰਸ਼ ਵਿੱਚ ਕੁੱਦ ਪਏ। ਭਾਰਤ ਛੱਡੋ ਅੰਦੋਲਨ ਵਿੱਚ ਉਨ੍ਹਾਂ ਵੱਧ ਚੜ੍ਹ ਕੇ ਹਿੱਸਾ ਲਿਆ ਜਿਸ ਕਾਰਨ ਉਹਨਾਂ ਨੂੰ ਹੁਸ਼ਿਆਰਪੁਰ ਵਿੱਚ ਜੇਲ੍ਹ ਕੱਟਣੀ ਪਈ। 2007 ਵਿੱਚ ਉਨ੍ਹਾਂ ਨੂੰ ਤਾਮਰ ਪੱਤਰ ਨਾਲ ਸਨਮਾਨਤ ਕੀਤਾ ਗਿਆ।